**ਸ਼੍ਰੇਣੀ-ਪਹਿਲੀ**

**5. ਗਣਿਤ**

**ਸਮਾਂ: 3 ਘੰਟੇ**

**ਰੇਖਾ ਗਣਿਤ**

**ਆਕ੍ਰਿਤੀਆਂ ਅਤੇ ਇਨ੍ਹਾਂ ਦਾ ਵਿੱਥਮਈ ਗਿਆਨ:-**

- ਆਕ੍ਰਿਤੀਆਂ ਅਤੇ ਇਨ੍ਹਾਂ ਦਾ ਵਿੱਥਮਈ ਸੰਬੰਧਾਂ ਦੀ ਸ਼ਬਦਾਵਲੀ ਵਿਕਸਿਤ ਕਰਨਾ ਅਤੇ ਵਰਤੋਂ ਕਰਨਾ। ਸਿਖਰ-ਤਲ, ਉੱਪਰ-ਹੇਠਾਂ, ਅੰਦਰ-ਬਾਹਰ, ਉੱਪਰਲਾ-ਹੇਠਲਾ, ਨੇੜੇ-ਦੂਰ, ਪਹਿਲਾਂ-ਬਾਅਦ ਦਾ ਸੰਕਲਪ।

**ਸਾਡੇ ਆਲੇ -ਦੁਆਲੇ ਦੀਆਂ ਠੋਸ ਆਕ੍ਰਿਤੀਆਂ:-**

- ਆਪਣੇ ਆਲੇ ਦੁਆਲੇ ਤੋਂ ਵੱਖ-ਵੱਖ ਵਸਤੂਆਂ ਨੂੰ ਇੱਕਠਾ ਕਰਨਾ, ਜਿਵੇਂ-ਪੱਥਰ, ਡੱਬੇ, ਗੇਂਦ, ਕੋਣ, ਪਾਈਪ ਆਦਿ।
- ਵਸਤੂਆਂ ਨੂੰ ਉਹਨਾਂ ਦੇ ਅਕਾਰ ਅਤੇ ਹੋਰ ਵਿਸ਼ੇਸ਼ਤਾ ਅਨੁਸਾਰ ਛਾਂਟਣਾ, ਵਰਗੀਕਰਣ ਕਰਨਾ ਅਤੇ ਵਿਆਖਿਆ ਕਰਨਾ।
- ਆਕ੍ਰਿਤੀ ਦੇ ਵੱਖ-ਵੱਖ ਤਰੀਕੇ ਦਾ ਨਿਰੀਖਣ ਅਤੇ ਵਰਣਨ ਜੋ ਰਿੜਨ ਅਤੇ ਖਿਸਕਾਉਣ ਦੀ ਹਰਕਤ ਨੂੰ ਪ੍ਰਭਾਵਿਤ ਕਰਦਾ ਹੈ।
- ਗੱਤੇ ਤੋਂ ਬਣੀਆਂ 2-D ਵਰਗੀਆਂ ਸਮਤਲ ਆਕ੍ਰਿਤੀਆਂ ਨੂੰ ਛਾਂਟਣਾ।

**ਸੰਖਿਆਵਾਂ**

**ਗਿਣਤੀ, ਇੱਕ ਤੋਂ ਨੌਂ ਤੱਕ ਸੰਖਿਆਵਾਂ ਅਤੇ ਜ਼ੀਰੋ ਦੀ ਕਿਰਿਆ ਸੰਬੰਧੀ ਜਾਣਕਾਰੀ ਵਿਕਸਿਤ ਕਰਨਾ।**

- ਵਸਤੂਆਂ ਦਾ ਨਿਰੀਖਣ ਕਰਨਾ ਅਤੇ ਵਸਤੂਆਂ ਨੂੰ ਇੱਕਠਾ ਕਰਨਾ।
- ਇੱਕਠੀਆਂ ਕੀਤੀਆਂ ਵਸਤੂਆਂ ਨੂੰ ਤਰਤੀਬ ਵਿੱਚ ਲਗਾਉਣਾ।
- ਤੁਲਣਾ ਯੋਗ ਅਤੇ ਇੱਕ-ਇੱਕ ਅਨੁਰੂਪਤਾ ਅਨੁਸਾਰ ਵਸਤੂਆਂ ਨੂੰ ਇੱਕਠ ਵਿੱਚ ਗਿਣਨਾ।
- ਕਿਸੇ ਖਾਸ ਸੰਖਿਆ ਦੇ ਅਨੁਰੂਪ ਵਸਤੂਆਂ ਨੂੰ ਇੱਕਠਾ ਕਰਨਾ।
- 1 ਤੋਂ 9 ਤੱਕ ਸੰਖਿਆਵਾਂ ਦੀ ਪਹਿਚਾਣ ਅਤੇ ਉਚਾਰਨ।
- 1 ਤੋਂ 9 ਤੱਕ ਸੰਖਿਆਵਾਂ ਦੀ ਗਿਣਤੀ, ਤੁਲਨਾ (ਅਸਲ ਵਸਤੂਆਂ ਦੀ ਵਰਤੋਂ ਅਨੁਸਾਰ ਜਾਂ ਤਾੜੀ ਮਾਰ ਕੇ ਗਿਣਤੀ ਕਰਵਾਉਣਾ)।
- 1 ਤੋਂ 9 ਤੱਕ ਸੰਖਿਆਵਾਂ ਨੂੰ ਪੜ੍ਹਨਾ ਅਤੇ ਲਿਖਣਾ ।
- ਅਸਲ ਵਸਤੂਆਂ ਦੀ ਵਰਤੋਂ ਜਾਂ ਫੋਟੋਆਂ ਦੀ ਵਰਤੋਂ ਕਰਦੇ ਹੋਏ ਜੋੜ ਅਤੇ ਘਟਾਉ।
- '+' ਅਤੇ '-' ਨਿਸ਼ਾਨਾਂ ਦੀ ਵਰਤੋਂ ਕਰਕੇ ਜੋੜ ਅਤੇ ਘਟਾਉ, ਘਟਾਉ ਵਿਧੀ ਰਾਹੀਂ ਸਿਫਰ ਤੱਕ ਪਹੁੰਚਣਾ (ਜਿਵੇਂ:- 3-1=2, 3-2=1, 3-3=●)

**10 ਤੋਂ 20 ਤੱਕ ਸੰਖਿਆਵਾਂ**

- 10 ਤੋਂ 20 ਤੱਕ ਦੀਆਂ ਸੰਖਿਆਵਾਂ ਦੇ ਅਨੁਕ੍ਰਮ ਦਾ ਨਿਰਮਾਣ।
- ਇਹਨਾਂ ਸੰਖਿਆਵਾਂ ਦੀ ਸਹਾਇਤਾ ਨਾਲ਼ ਵਸਤੂਆਂ ਨੂੰ ਗਿਣਨਾ।
- ਵਸਤੂਆਂ ਨੂੰ ਦੱਸ-ਦੱਸ ਦੇ ਗਰੁੱਪ (ਸਮੂਹ) ਵਿੱਚ ਇੱਕਠਾ ਕਰਨਾ ਅਤੇ ਇੱਕਲੀ ਵਸਤੂ ਅਨੁਸਾਰ ਕਰਨਾ। ਦਹਾਈਆਂ ਅਤੇ ਇਕਾਈਆਂ ਦੇ ਸਮੂਹ ਦੀ ਸ਼ਬਦਾਵਲੀ ਵਿਕਸਿਤ ਕਰਨਾ ।
- ਚਿੱਤਰ ਰਾਹੀਂ ਦਹਾਈਆਂ ਅਤੇ ਇਕਾਈਆਂ ਦੇ ਸਮੂਹਾਂ ਨੂੰ ਦਰਸਾਉਣਾ।
- ਇੱਕ ਦਿੱਤੀ ਹੋਈ ਸੰਖਿਆ ਵਿੱਚ ਦਹਾਈਆਂ ਅਤੇ ਇਕਾਈਆਂ ਦੀ ਸੰਖਿਆ ਦੀ ਗਿਣਤੀ ਕਰਨਾ।
- 11 ਤੋਂ 19 ਲਈ ਸੰਖਿਆ ਅੰਕਾਂ ਨੂੰ ਲਿਖਣਾ
- 10 ਅਤੇ 20 ਲਈ ਸੰਖਿਆ ਅੰਕਾਂ ਨੂੰ ਲਿਖਣਾ ।
- 20 ਤੱਕ ਸੰਖਿਆਵਾਂ ਦੀ ਤੁਲਨਾ ਕਰਨਾ।

**ਜੋੜ ਅਤੇ ਘਟਾਉ (ਵੀਹ ਤੱਕ)**

20 ਤੱਕ ਸੰਖਿਆਵਾਂ ਦਾ ਜੋੜ ਅਤੇ ਘਟਾਉ।

**21 ਤੋਂ 99 ਤੱਕ ਸੰਖਿਆਵਾਂ**

- 21 ਤੋਂ 99 ਲਈ ਸੰਖਿਆ ਅੰਕ ਲਿਖਣੇ।

  ਵਸਤੂਆਂ ਨੂੰ ਦਹਾਈਆਂ ਅਤੇ ਇਕਾਈਆਂ ਦੇ ਸਮੂਹ ਵਿੱਚ ਇੱਕਠੇ ਕਰਨਾ।
- ਇਕਾਈਆਂ ਅਤੇ ਦਹਾਈਆਂ ਦੇ ਸਮੂਹ ਨੂੰ ਦਰਸਾਉਣ ਲਈ ਚਿੱਤਰ ਬਣਾਉਣਾ।
- ਇੱਕ ਸੰਖਿਆ ਦੇ ਦਹਾਈਆਂ ਅਤੇ ਇਕਾਈਆਂ ਦੇ ਜ਼ਬਾਨੀ ਸਮੂਹ ਬਣਾਉਣਾ।

**ਦਿਮਾਗੀ ਅੰਕ ਵਿਗਿਆਨ** : -- ਦੋ ਇੱਕ ਅੰਕਾਂ ਵਾਲੀਆਂ ਸੰਖਿਆਵਾਂ ਨੂੰ ਜ਼ਬਾਨੀ ਜੋੜਨਾ।

**ਮੁਦਰਾ (ਧਨ)** : -

- ਆਮ ਕਰੰਸੀ (ਨੋਟਾਂ ਅਤੇ ਸਿੱਕਿਆਂ) ਦੀ ਪਹਿਚਾਣ।
- ਧਨ ਦੀ ਛੋਟੀਆਂ ਰਾਸ਼ੀਆਂ ਨੂੰ ਇੱਕਠਾ ਰੱਖਣਾ।

**ਮਾਪ: ਲੰਬਾਈ:**

- ਨੇੜੇ-ਦੂਰ, ਪਤਲਾ-ਮੋਟਾ, ਲੰਬਾ-ਛੋਟਾ,ਦਾ ਸੰਕਲਪ
- ਵਸਤੂਆਂ ਨੂੰ ਲੰਬਾਈ ਅਨੁਸਾਰ ਕ੍ਰਮਬੱਧ ਕਰਨਾ
- ਗੈਰ ਮਿਆਰੀ ਇਕਾਈਆਂ ਦੀ ਵਰਤੋਂ ਨਾਲ਼ ਲੰਬਾਈਆਂ ਮਾਪਣਾ (ਗੁੱਲੀ ਡੰਡਾ, ਬੰਟੇ ਖੇਡਣ ਦੀ ਖੇਡ ਦੇ ਸੰਬੰਧ ਵਿੱਚ)
- ਲੰਬਾਈਆਂ ਅਤੇ ਦੂਰੀਆਂ ਦਾ ਅੰਦਾਜਾ ਲਗਾਉਣਾ ਅਤੇ ਗੈਰ ਮਿਆਰੀ ਇਕਾਈਆਂ ਨਾਲ਼ ਪੜਤਾਲ ਕਰਨੀ (ਹੱਥ, ਗਿੱਠ ਆਦਿ)।

**ਪੁੰਜ (ਭਾਰ)** :-

- ਭਾਰੀ ਅਤੇ ਹਲਕੀਆਂ ਵਸਤੂਆਂ ਵਿੱਚ ਤੁਲਨਾ।

**ਸਮਾਂ** :-

- ਕਿਸੇ ਸਮੇਂ ਵਾਪਰੀਆਂ ਘਟਨਾਵਾਂ ਨੂੰ ਪਹਿਲਾਂ ਅਤੇ ਬਾਅਦ ਦੇ ਪਦਾਂ ਵਿੱਚ ਵੱਖ ਵੱਖ ਕਰਨਾ।
- ਸਕੂਲ ਦੇ ਦਿਨਾਂ ਅਤੇ ਛੁੱਟੀਆਂ ਦੇ ਸਮੇਂ ਨੂੰ ਗੁਣਾਤਮਕ ਪੱਖੋਂ ਛੋਟੇ ਅਤੇ ਵੱਡੇ ਅੰਤਰਾਲ ਵਿੱਚ ਮਹਿਸੂਸ ਕਰਾਉਣਾ।
- ਇੱਕ ਦਿਨ ਦੀ ਅਵਧੀ ਨੂੰ ਅਨੁਕ੍ਰਮ ਕਰਨਾ।

**ਅੰਕੜੇ ਬਣਾਉਣਾ**

ਸਧਾਰਣ ਅੰਕੜਿਆ ਨੂੰ ਇੱਕਠੇ ਕਰਨਾ, ਦਰਸਾਉਣਾ ਅਤੇ ਵਿਆਖਿਆ ਕਰਨੀ (ਜਿਵੇਂ ਕਾਗਜ਼ ਦੀ ਪੱਟੀ ਨਾਲ਼ ਬਾਂਹ ਦੀ ਲੰਬਾਈ ਮਾਪਣਾ ਜਾਂ ਸਿਰ ਦਾ ਘੇਰਾ ਮਾਪਣਾ) ।

**ਪੈਟਰਨ (ਨਮੂਨੇ)**:-

- ਸਧਾਰਣ ਅਨੁਪਾਤਕ ਆਕ੍ਰਿਤਿਆਂ ਅਤੇ ਨਮੂਨੇ ਦੀ ਪਹਿਚਾਣ ਕਰਨਾ, ਉਦਾਹਰਣ ਤੌਰ ਤੇ ਉਗਲਾਂ ਅਤੇ ਅੰਗੂਠੇ ਨਾਲ਼ ਨਮੂਨੇ ਬਣਾਉਣਾ ।
- ਸੰਖਿਆ ਅਤੇ ਆਲੇ ਦੁਆਲੇ ਵਿੱਚ ਆਕ੍ਰਿਤੀਆ ਦੇ ਸਧਾਰਨ ਪੈਟਰਨ ਦੇ ਅਨੁਕ੍ਰਮ ਨੂੰ ਪੂਰਾ ਕਰਨਾ।